02
01/08/05

ਨੰ: 11/61/2005-2ਸਿੱ.3/ 16596

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਕੋਲਨਲ ਪਬਲਿਕ ਸਕੂਲ,
ਚੂੜਲਕਲਾਂ (ਸੰਗਰੂਰ)।

ਮਿਤੀ,ਚੰਡੀਗੜ੍ਹ: 28-7-05

ਵਿਸ਼ਾ:- ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) , ਸੰਗਰੂਰ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤੌਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤ੍ਰਰਾਜਹੀਣ੍ਰਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਸੀ.ਬੀ..ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

Chairman
Colonel Public School
Chural Kalan Distt. Sangrur (Pb.)

Chairman
COLONEL PUBLIC SCHOOL
Chural Kalan (Sangrur)

Principal
COLONEL PUBLIC SCHOOL

Scanned with CamScanner

-3. ਸੀ.ਬੀ..ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

5. ਸਕੂਲ ਵਿੱਚ ਪੀਣ ਵਾਲੇ ਪਾਣੀ ਦੀ ਸੁਵਿੱਧਾ ਵਧੀਆ ਹੋਣ ਸਬੰਧੀ ਹੈਲਥ ਐਂਡ ਸੈਨੀਟੇਸਨ ਸਬੰਧੀ ਸਰਟੀਫਿਕੇਟ ਸਮਰੱਥ ਅਧਿਕਾਰੀ ਪਾਸੋਂ ਪ੍ਰਾਪਤ ਕਰਕੇ ਸਰਕਾਰ ਨੂੰ ਤੁਰੰਤ ਭੇਜਿਆ ਜਾਵੇ।

ਵਿਸੇਸ ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ: 11/61/2005-2ਸਿ.3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/50-05-ਗ੍ਰਾਂਟ-1 (2) ਮਿਤੀ 30-6-2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੇਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੇਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸੇਸ ਸਕੱਤਰ,ਸਕੂਲ ਸਿੱਖਿਆ

Chairman
COLONEL PUBLIC SCHOOL
Chural Kalan (Sangrur)

Principal
COLONEL PUBLIC SCHOOL
Chural Kalan (Sangrur)

Principal
COLONEL PUBLIC SCHOOL
Chural Kalan (Sangrur)

Chairman
Colonel Public School
Chural Kalan Distt. Sangrur (Pb.)

Attested

Principal
Colonel Sr. Sec. Public School
Chural Kalan Distt. Sangrur Pb.
Affiliation No.: 1630491

Scanned with CamScanner